# ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਵੱਲੋਂ ਕੀਤੀ ਗਈ ਟਿੱਪਣੀ ਦੇ ਸਬੰਧ ਵਿੱਚ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵਲੋਂ ਜਵਾਬ

ਜਨਵਰੀ 25, 2024

**ਪਾਕਿਸਤਾਨ ਦੇ ਵਿਦੇਸ਼ ਮੰਤਰਾਲੇ ਵਲੋਂ ਕੀਤੀ ਗਈ ਟਿੱਪਣੀ ਦੇ ਸਬੰਧ ਵਿੱਚ ਮੀਡੀਆ ਦੇ ਸਵਾਲਾਂ ਦੇ ਜਵਾਬ ਵਿੱਚ, ਸਰਕਾਰੀ ਬੁਲਾਰੇ, ਸ੍ਰੀ ਰਣਧੀਰ ਜੈਸਵਾਲ ਨੇ ਕਿਹਾ:**

"ਅਸੀਂ ਪਾਕਿਸਤਾਨ ਦੇ ਵਿਦੇਸ਼ ਸਕੱਤਰ ਦੀਆਂ ਕੁਝ ਟਿੱਪਣੀਆਂ ਬਾਰੇ ਮੀਡੀਆ ਰਿਪੋਰਟਾਂ ਦੇਖੀਆਂ ਹਨ।

ਇਹ ਝੂਠੇ ਅਤੇ ਬਦਨੀਤੀ ਨਾਲ ਭਾਰਤ ਵਿਰੋਧੀ ਪ੍ਰਚਾਰ ਕਰਨ ਦੀ ਪਾਕਿਸਤਾਨ ਦੀ ਤਾਜ਼ਾ ਕੋਸ਼ਿਸ਼ ਹੈ।

ਜਿਵੇਂ ਕਿ ਦੁਨੀਆ ਜਾਣਦੀ ਹੈ, ਪਾਕਿਸਤਾਨ ਲੰਬੇ ਸਮੇਂ ਤੋਂ ਅੱਤਵਾਦ, ਸੰਗਠਿਤ ਅਪਰਾਧ ਅਤੇ ਗੈਰ-ਕਾਨੂੰਨੀ ਅੰਤਰਰਾਸ਼ਟਰੀ ਗਤੀਵਿਧੀਆਂ ਦਾ ਕੇਂਦਰ ਰਿਹਾ ਹੈ। ਭਾਰਤ ਅਤੇ ਕਈ ਹੋਰ ਦੇਸ਼ਾਂ ਨੇ ਜਨਤਕ ਤੌਰ 'ਤੇ ਪਾਕਿਸਤਾਨ ਨੂੰ ਚੇਤਾਵਨੀ ਦਿੱਤੀ ਹੈ ਕਿ ਅੱਤਵਾਦ ਅਤੇ ਹਿੰਸਾ ਦਾ ਇਸਦਾ ਸੱਭਿਆਚਾਰ ਇਸਨੂੰ ਹੀ ਖਾ ਜਾਵੇਗਾ।

ਪਾਕਿਸਤਾਨ ਜੋ ਬੀਜੇਗਾ ਉਹੀ ਵੱਢੇਗਾ।

ਆਪਣੇ ਹੀ ਕੁਕਰਮਾਂ ਲਈ ਦੂਜਿਆਂ ਨੂੰ ਦੋਸ਼ੀ ਠਹਿਰਾਉਣਾ ਨਾ ਤਾਂ ਜਾਇਜ਼ ਹੋ ਸਕਦਾ ਹੈ ਅਤੇ ਨਾ ਹੀ ਕੋਈ ਹੱਲ।"

**ਨਵੀਂ ਦਿੱਲੀ**
**ਜਨਵਰੀ 25, 2024**